VIGILANCE BUREAU PUNJAB

**Vigilance nabs ASI for taking bribe of Rs. 10,000**

Chandigarh, December 16: Punjab Vigilance Bureau, today nabbed an Assistant Sub Inspector (ASI) posted at City Police station Kharar, SAS Nagar district red handed while accepting bribe of Rs. 10,000/-.

Disclosing this here, an official spokesperson of the Vigilance Bureau said ASI Harjeet Singh was arrested on the complaint of Devinder Singh of village Parol, SAS Nagar district. The complainant has approached the VB and alleged that the accused ASI was demanding Rs 10,000 to help him in a police case registered by him.

After verifying his information, the VB team from flying squad laid a trap and the accused ASI was arrested on the spot while taking bribe of Rs.10,000 from the complainant in the presence of two official witnesses.

He informed that a case under Prevention of Corruption Act has been registered against the accused at VB FS police station SAS Nagar and further investigation was under progress.

-----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ 10,000 ਰੁਪਏ ਦੀ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 16 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਸਿਟੀ ਖਰੜ ਜਿਲਾ ਐਸ.ਏ.ਐਸ.ਨਗਰ ਵਿਖੇ ਤਾਇਨਾਤ ਏ.ਐਸ.ਆਈ. ਹਰਜੀਤ ਸਿੰਘ ਨੂੰ 10,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਦਵਿੰਦਰ ਸਿੰਘ ਵਾਸੀ ਪਿੰਡ ਪੜੌਲ, ਜਿਲਾ ਐਸ.ਏ.ਐਸ ਨਗਰ ਦੀ ਸ਼ਿਕਾਇਤ ’ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਵਲੋਂ ਦਰਜ ਕਰਵਾਏ ਪੁਲਿਸ ਕੇਸ ਵਿਚ ਦੋਸ਼ੀਆਂ ਦੀ ਅਦਾਲਤ ਵਿਚ ਜਮਾਨਤ ਹੋਣ ਤੋਂ ਰੋਕਣ ਅਤੇ ਅਦਾਲਤ ਵਿਚ ਇਸ ਕੇਸ ਦੀ ਚੰਗੀ ਤਰ੍ਹਾਂ ਪੈਰਵੀ ਕਰਨ ਬਦਲੇ ਉਕਤ ਏ.ਐਸ.ਆਈ ਵਲੋ 10,000 ਰੁਪਏ ਦੀ ਮੰਗ ਕੀਤੀ ਗਈ ਹੈ ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਫਲਾਇੰਗ ਸਕੁਐਡ ਥਾਣਾ ਐਸ.ਏ.ਐਸ ਨਗਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।